Roll No. ..................

Total No. of Questions : 9]

**002/A**

[Total No. of Printed Pages : 4

**SS**

**2320**

ਸਲਾਨਾ ਪਰੀਖਿਆ ਪ੍ਰਣਾਲੀ

**GENERAL PUNJABI**

**(Common for All Groups and Vocational Stream)**

**(Evening Session)**

Time allowed : Three hours

Maximum marks : 65

*ਨੋਟ : (i) ਆਪਣੀ ਉੱਤਰ-ਪੱਤਰੀ ਦੇ ਟਾਈਟਲ ਪੰਨੇ 'ਤੇ ਵਿਸ਼ਾ-ਕੋਡ/ਪੇਪਰ-ਕੋਡ ਵਾਲ਼ੇ ਖ਼ਾਨੇ ਵਿੱਚ ਵਿਸ਼ਾ-ਕੋਡ/ਪੇਪਰ-ਕੋਡ* **002/A** *ਜ਼ਰੂਰ ਦਰਜ ਕਰੋ ਜੀ ।*

*(ii) ਉੱਤਰ-ਪੱਤਰੀ ਲੈਂਦੇ ਹੀ ਇਸ ਦੇ ਪੰਨੇ ਗਿਣ ਕੇ ਦੇਖ ਲਓ ਕਿ ਇਸ ਵਿੱਚ ਟਾਈਟਲ ਸਹਿਤ 30 ਪੰਨੇ ਹਨ ਅਤੇ ਠੀਕ ਕ੍ਰਮਵਾਰ ਹਨ ।*

*(iii) ਉੱਤਰ-ਪੱਤਰੀ ਵਿੱਚ, ਖ਼ਾਲੀ ਪੰਨਾ/ਪੰਨੇ ਛੱਡਣ ਤੋਂ ਬਾਅਦ ਹੱਲ ਕੀਤੇ ਗਏ ਪ੍ਰਸ਼ਨ/ਪ੍ਰਸ਼ਨਾਂ ਦਾ ਮੁਲਾਂਕਣ ਨਹੀਂ ਕੀਤਾ ਜਾਵੇਗਾ ।*

*(iv) ਸਾਰੇ ਪ੍ਰਸ਼ਨ ਜ਼ਰੂਰੀ ਹਨ ।*

*(v) ਪ੍ਰਸ਼ਨ ਦਾ ਉੱਤਰ ਖ਼ਤਮ ਹੋਣ 'ਤੇ ਇੱਕ ਲਾਈਨ ਲਾ ਦਿਓ ।*

**1.** ਵਸਤੂਨਿਸ਼ਠ ਪ੍ਰਸ਼ਨ :

**ਸਾਰੇ ਪ੍ਰਸ਼ਨ ਜ਼ਰੂਰੀ ਹਨ । ਹਰੇਕ ਪ੍ਰਸ਼ਨ 1 ਅੰਕ ਦਾ ਹੈ ।**

(ੳ) ਡਾ. ਐੱਸ. ਐੱਸ ਵਣਜਾਰਾ ਬੇਦੀ ਦਾ ਲਿਖਿਆ ਕਿਹੜਾ ਲੇਖ 'ਲਾਜ਼ਮੀ ਪੰਜਾਬੀ-12' ਪਾਠ-ਪੁਸਤਕ ਵਿੱਚ ਸ਼ਾਮਲ ਹੈ ? 1

(ਅ) ਹਿਮਾਚਲ ਅਤੇ ਹਰਿਆਣਾ ਰਾਜ 1 ਨਵੰਬਰ, 1969 ਨੂੰ ਹੋਂਦ ਵਿੱਚ ਆਏ । (ਠੀਕ/ਗਲਤ) 1

(ੲ) ਮੁਢਲਾ ਮਨੁੱਖ ਸਾਰੇ ਸੰਸਕਾਰਾਂ ਦਾ ਅਰੰਭ ਕਰਨ ਸਮੇਂ ਦੈਵੀ ਤਾਕਤਾਂ ਨੂੰ ਕਿਉਂ ਰਿਝਾਉਂਦਾ ਸੀ ?

(i) ਭੈਅ ਕਾਰਨ (ii) ਪਿਆਰ ਕਾਰਨ

(iii) ਮੋਹ ਕਾਰਨ (iv) ਲਾਲਚ ਕਾਰਨ 1

(ਸ) ਖ਼ਾਲੀ ਥਾਂ ਭਰੋ :

ਲੋਕ-ਕਿੱਤੇ ਵਿੱਚ ਉਸ ਨੂੰ ................. ਮੰਨਿਆ ਜਾਂਦਾ ਹੈ, ਜੋ ਆਪਣੇ ਕੰਮ ਵਿੱਚ ਨਿਪੁੰਨ ਅਤੇ ਕਾਰੀਗਰ ਹੋਵੇ । 1



https://www.punjabboardonline.com

(ਹ) ਪੰਜਾਬੀ ਜੁਆਨਾਂ ਦੀ ਮਨਪਸੰਦ ਖੇਡ ਕਿਹੜੀ ਹੈ ? 1

(ਕ) ਨਵੀਂ ਪੀੜ੍ਹੀ ਕਿਹੜੇ ਸਾਧਨਾਂ ਦੀ ਖੁੱਲ੍ਹ ਕੇ ਵਰਤੋਂ ਕਰ ਰਹੀ ਹੈ ? 1

(ਖ) 'ਤਾਜ ਮਹਲ' ਕਵਿਤਾ ਦਾ ਕਵੀ ਕੌਣ ਹੈ ? 1

(ਗ) 'ਨੀਲੀ' ਕਹਾਣੀ ਵਿੱਚ 'ਮੈਂ-ਪਾਤਰ' ਕੌਣ ਹੈ ? 1

(ਘ) ਹੇਠ ਲਿਖੀ ਅਧੂਰੀ ਅਖਾਉਤ ਨੂੰ ਪੂਰਾ ਕਰੋ :

................ ਘੁੰਮਰ-ਘੁੰਮਰ ਫਿਰੇ ਮਧਾਣੀ 1

(ਙ) ਹੇਠ ਲਿਖੀ ਅਧੂਰੀ ਅਖਾਉਤ ਨੂੰ ਪੂਰਾ ਕਰੋ :

ਤੂੰ ਮੇਰਾ ਮੁੰਡਾ ਖਿਡਾ, ................ । 1

10×1=10

2. ਹੇਠ ਲਿਖਿਆਂ ਵਿੱਚੋਂ ਕਿਸੇ **ਪੰਜ** ਪ੍ਰਸ਼ਨਾਂ ਦੇ ਉੱਤਰ ਲਿਖੋ :

(ੳ) ਪੰਜਾਬੀ ਸੱਭਿਆਚਾਰ ਦੇ ਮੁੱਖ ਲੱਛਣ ਕੀ ਹਨ ? 4

(ਅ) ਦੇਵੀ ਮਾਤਾ ਦੇ ਮੇਲਿਆਂ ਦਾ ਕੀ ਪਿਛੋਕੜ ਹੈ ? ਦੇਵੀ ਮਾਤਾ ਨਾਲ਼ ਸੰਬੰਧਿਤ ਕਿਸੇ ਇੱਕ ਮੇਲੇ ਬਾਰੇ ਸੰਖੇਪ ਜਾਣਕਾਰੀ ਦਿਓ । 4

(ੲ) ਪੰਜਾਬ ਵਿੱਚ ਜੀਵ ਦੇ ਜਨਮ ਨਾਲ਼ ਸੰਬੰਧਿਤ ਕਿਹੜੇ-ਕਿਹੜੇ ਰਸਮ-ਰਿਵਾਜ ਹਨ ? 4

(ਸ) ਲੋਕ-ਖੇਡਾਂ ਮਨੁੱਖ ਨੂੰ ਕਿਹੜੀਆਂ-ਕਿਹੜੀਆਂ ਭਾਵਨਾਵਾਂ ਪ੍ਰਦਾਨ ਕਰਦੀਆਂ ਹਨ ? 4

(ਹ) ਲੋਕ-ਕਿੱਤੇ ਦੀ ਵਿਸ਼ੇਸ਼ਤਾ ਉਦਾਹਰਨਾਂ ਸਹਿਤ ਦੱਸੋ । 4

(ਕ) ਪੰਜਾਬ ਵਿੱਚ ਬਦਲਦੀਆਂ ਪਰਿਸਥਿਤੀਆਂ ਅਨੁਸਾਰ ਲੋਕ-ਨਾਚਾਂ ਵਿੱਚ ਆਏ ਬਦਲਾਅ ਬਾਰੇ ਜਾਣਕਾਰੀ ਦਿਓ । 4

(ਖ) ਪੰਜਾਬੀ ਨਕਲਾਂ ਤੋਂ ਕੀ ਭਾਵ ਹੈ ? 4

(ਗ) ਸਾਨੂੰ ਨਵੀਆਂ ਪਰਿਸਥਿਤੀਆਂ ਅਨੁਸਾਰ ਨਵੇਂ ਸੱਭਿਆਚਾਰਿਕ ਮਾਪ-ਦੰਡ ਸਿਰਜਣ ਦੀ ਕਿਉਂ ਲੋੜ ਹੈ ? 4

5×4=20

3. ਤੁਹਾਡੇ ਕਸਬੇ ਵਿੱਚ ਦੋ-ਪਹੀਆ ਵਾਹਨਾਂ ਦੀ ਮੰਗ ਦਿਨੋ-ਦਿਨ ਵਧ ਰਹੀ ਹੈ ਜਿਸ ਦੇ ਚੱਲਦਿਆਂ ਹੀਰੋ ਮੋਟਰਜ਼, ਦਿੱਲੀ ਤੋਂ ਏਜੰਸੀ ਲੈਣ ਲਈ ਆਪਣੀ ਯੋਗਤਾ ਤੇ ਸਮਰੱਥਾ ਦੱਸਦੇ ਹੋਏ ਪੱਤਰ ਲਿਖੋ । 2+3+1=6

ਜਾਂ

ਤੁਹਾਡੇ ਸਕੂਲ ਵਿੱਚ ਸਰਕਾਰ ਵੱਲੋਂ ਵਿਦਿਆਰਥੀਆਂ ਦੀ ਯੂਨੀਫ਼ਾਰਮ ਖ਼ਰੀਦਣ ਲਈ ਗ੍ਰਾਂਟ ਆਈ ਹੈ । ਵੇਰਵੇ ਦੱਸਦੇ ਹੋਏ ਕਿਸੇ ਫ਼ਰਮ ਤੋਂ ਕੁਟੇਸ਼ਨ ਦੀ ਮੰਗ ਕਰੋ । 2+3+1=6

 https://www.punjabboardonline.com

4. ਹੇਠ ਲਿਖੇ ਪੈਰੇ ਦੀ ਸੰਖੇਪ ਰਚਨਾ ਕਰੋ ਅਤੇ ਢੁੱਕਵਾਂ ਸਿਰਲੇਖ ਵੀ ਲਿਖੋ :

ਸਰੀਰ ਮਨ ਦਾ ਘੋੜਾ ਹੈ । ਜਿਸ ਤਰ੍ਹਾਂ ਮਨ ਇਸ ਨੂੰ ਚਲਾਉਂਦਾ ਹੈ ਉਸੇ ਤਰ੍ਹਾਂ ਚੱਲਦਾ ਹੈ ਪਰ ਜੀਵਨ ਦੀ ਖੇਡ ਖੇਡਣ ਲਈ ਅਤੇ ਜ਼ਿੰਦਗੀ ਦੀ ਵਾਟ ਕੱਟਣ ਲਈ ਘੋੜੇ ਨੂੰ ਵੀ ਰਿਸ਼ਟ-ਪੁਸ਼ਟ ਰੱਖਣਾ ਜ਼ਰੂਰੀ ਹੈ । ਜੇ ਘੋੜਾ ਮਰੀਅਲ ਹੋ ਜਾਏ ਤਾਂ ਮਨ ਅਤੇ ਆਤਮਾ ਦੀ ਖੇਡ ਵੀ ਢਿੱਲੀ ਪੈ ਜਾਂਦੀ ਹੈ । ਇਸ ਸਰੀਰ-ਘੋੜੇ ਨੂੰ ਰਿਸ਼ਟ-ਪੁਸ਼ਟ ਰੱਖਣ ਲਈ ਇਸ ਦੀ ਚੰਗੀ ਦੇਖ-ਭਾਲ ਜ਼ਰੂਰੀ ਹੈ । ਸਾਡਾ ਸਰੀਰ ਅਰਬਾਂ-ਖਰਬਾਂ ਜੀਵਾਣੂਆਂ ਅਥਵਾ ਜਿਊਂਦੇ ਸੈੱਲਾਂ ਦਾ ਬਣਿਆ ਹੋਇਆ ਹੈ । ਇਹਨਾਂ ਵਿੱਚੋਂ ਲੱਖਾਂ-ਕਰੋੜਾਂ ਹਰ ਰੋਜ਼ ਮਰਦੇ ਅਤੇ ਉਹਨਾਂ ਦੀ ਥਾਂ ਲੈਣ ਲਈ ਲੱਖਾਂ-ਕਰੋੜਾਂ ਹਰ ਰੋਜ਼ ਜੰਮਦੇ ਹਨ । ਨਿਰੋਏ ਜੀਵਾਣੂ ਬਣਾਉਣ ਲਈ ਖ਼ੂਨ ਦਾ ਨਿਰੋਆ ਹੋਣਾ ਲਾਜ਼ਮੀ ਹੈ । ਖ਼ੂਨ ਬਣਦਾ ਹੈ ਖ਼ੁਰਾਕ ਤੋਂ, ਜਲ ਤੋਂ, ਵਾਯੂ ਤੋਂ । ਨਿਰਮਲ ਜਲ, ਖੁੱਲ੍ਹੀ ਸ੍ਵਛ ਹਵਾ ਅਤੇ ਸ਼ੁੱਧ ਆਹਾਰ, ਇਹ ਸਭ ਕੁਝ ਹੋਵੇ ਤਾਂ ਹੀ ਸਰੀਰ ਰਿਸ਼ਟ-ਪੁਸ਼ਟ ਬਣਿਆ ਰਹਿ ਸਕਦਾ ਹੈ । ਘੱਟ ਖਾਣਾ, ਸੰਤੁਲਿਤ ਖ਼ੁਰਾਕ ਪਾਣੀ, ਖ਼ੂਬ ਚਿੱਥ-ਚਿੱਥ ਕੇ ਖਾਣੀ, ਮੁਸ਼ੱਕਤ ਜਾਂ ਕਸਰਤ ਕਰਨੀ, ਖ਼ੁਸ਼ ਰਹਿਣਾ, ਤਾਜ਼ਾ ਆਕਸੀਜਨ ਭਰਪੂਰ ਹਵਾ ਫੱਕਣੀ ਅਤੇ ਨਿਰਮਲ ਜਲ ਪੀਣਾ-ਇਹੋ ਹੀ ਤੰਦਰੁਸਤੀ ਅਤੇ ਦੀਰਘ ਉਮਰ ਦਾ ਨੁਸਖ਼ਾ ਹੈ । 3+1=4

5. ਹੇਠ ਲਿਖੇ ਸ਼ਬਦਾਂ ਵਿੱਚੋਂ ਕਿਸੇ **ਇੱਕ** ਸ਼ਬਦ-ਸਮੂਹ ਨੂੰ ਸ਼ਬਦ-ਕੋਸ਼ ਤਰਤੀਬ ਅਨੁਸਾਰ ਲਿਖੋ :

| (i) | (ii) |
|---|---|
| ਬਸੰਤ | ਪੂਛਲ |
| ਮਚਕੋੜ | ਜ਼ਿਲ੍ਹੇਦਾਰ |
| ਭਗਵਾਨ | ਝਗੜਾਲੂ |
| ਬਖ਼ਸ਼ਿੰਦ | ਗਲਵੱਕੜੀ |
| ਭਿੱਟਣਾ | ਪੂਜਨੀਕ |
| ਚਿਰਾਗ਼ | ਜੱਦੋ-ਜਹਿਦ |

3

6. ਹੇਠ ਲਿਖੇ ਵਾਕਾਂ ਵਿੱਚੋਂ ਕਿਸੇ **ਤਿੰਨ** ਵਾਕਾਂ ਦਾ ਬ੍ਰੈਕਟ 'ਚ ਦਿੱਤੇ ਨਿਰਦੇਸ਼ ਅਨੁਸਾਰ ਵਾਕ-ਵਟਾਂਦਰਾ ਕਰੋ :

(ੳ) ਜਦ ਬਿਪਤਾ ਪਏ ਤਦ ਧੀਰਜ ਰੱਖੋ । (ਸਧਾਰਣ ਵਾਕ) 1

(ਅ) ਬਜ਼ੁਰਗਾਂ ਦੀ ਸੇਵਾ ਕਰੋ ਅਤੇ ਉਹਨਾਂ ਦੀਆਂ ਅਸੀਸਾਂ ਲਓ । (ਮਿਸ਼ਰਿਤ ਵਾਕ) 1

(ੲ) ਫੁੱਲ ਬਹੁਤ ਸੁੰਦਰ ਹੈ । (ਵਿਸਮੈ-ਵਾਚਕ ਵਾਕ) 1

(ਸ) ਜਦੋਂ ਮੈਂ ਸਕੂਲ ਪਹੁੰਚਿਆ ਤਾਂ ਘੰਟੀ ਵੱਜ ਗਈ । (ਸੰਜੁਗਤ ਵਾਕ) 1

(ਹ) ਆਹਾ ; ਮੇਰੀ ਨੌਕਰੀ ਲੱਗ ਗਈ ਹੈ । (ਸਧਾਰਣ ਵਾਕ) 1

3×1=3

7. ਹੇਠ ਲਿਖੀਆਂ ਅਖਾਉਤਾਂ ਵਿੱਚੋਂ ਕਿਸੇ **ਚਾਰ** ਨੂੰ ਵਾਕਾਂ ਵਿੱਚ ਵਰਤੋ ਜਾਂ ਉਹਨਾਂ ਦੀ ਵਰਤੋਂ ਦੀਆਂ ਸਥਿਤੀਆਂ ਦੱਸੋ :

(ੳ) ਅੱਗੇ ਸੱਪ ਤੇ ਪਿੱਛੇ ਸ਼ੀਂਹ 2

(ਅ) ਹੱਥ ਨੂੰ ਹੱਥ ਧੋਂਦਾ ਹੈ 2

(ੲ) ਕੁੱਤਾ ਭੌਂਕੇ ਬੱਦਲ਼ ਗੱਜੇ, ਨਾ ਉਹ ਵੱਢੇ ਨਾ ਉਹ ਵੱਸੇ 2

(ਸ) ਖਿੱਦੋ ਫਰੋਲਿਆਂ ਲੀਰਾਂ ਹੀ ਨਿਕਲ਼ਨੀਆਂ ਹਨ 2

(ਹ) ਜਾਂ ਵਾਹ ਪਿਆ ਜਾਣੀਏ ਜਾਂ ਰਾਹ ਪਿਆ ਜਾਣੀਏ 2

(ਕ) ਬੇਗਾਨਾ ਮਹਿਲ ਵੇਖ ਕੇ ਆਪਣੀ ਕੁੱਲੀ ਨਹੀਂ ਢਾਹੀਦੀ 2

(ਖ) ਅੰਨ੍ਹਾ ਵੰਡੇ ਰਿਓੜੀਆਂ ਮੁੜ-ਮੁੜ ਆਪਣਿਆਂ ਨੂੰ 2

$4 \times 2 = 8$

8. ਕਿਸੇ **ਇੱਕ** ਕਵਿਤਾ ਦਾ ਕੇਂਦਰੀ-ਭਾਵ ਲਿਖੋ :

(ੳ) ਟੁਕੜੀ ਜੱਗ ਤੋਂ ਨਯਾਰੀ (ਭਾਈ ਵੀਰ ਸਿੰਘ)

(ਅ) ਦੋਸਤਾ (ਪਿਆਰਾ ਸਿੰਘ ਸਹਿਰਾਈ)

(ੲ) ਐਵੇਂ ਨਾ ਬੁੱਤਾਂ 'ਤੇ ਡੋਲ੍ਹੀ ਜਾਂ ਪਾਣੀ (ਸੁਰਜੀਤ ਪਾਤਰ) 4

9. ਕਿਸੇ **ਇੱਕ** ਕਹਾਣੀ ਦਾ ਸਾਰ ਆਪਣੇ ਸ਼ਬਦਾਂ ਵਿੱਚ ਲਿਖੋ :

(ੳ) ਆਪਣਾ ਦੇਸ (ਸੰਤੋਖ ਸਿੰਘ ਧੀਰ)

(ਅ) ਘਰ ਜਾਹ ਆਪਣੇ (ਗੁਲਜ਼ਾਰ ਸਿੰਘ ਸੰਧੂ) 7

https://www.punjabboardonline.com
Whatsapp @ 9300930012
Send your old paper & get 10/-
अपने पुराने पेपर्स भेजे और 10 रुपये पायें,
Paytm or Google Pay से



https://www.punjabboardonline.com